# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਕ ਖਬਰਾਂ

## 13:10

**ਮਿਤੀ :24-09-2026**

ਇਨਫੋਰਸਮੈਂਟ ਡਾਇਰੈਕਟੋਰੇਟ-ED ਨੇ ਤਿਰੂਪਤੀ ਇੰਫਰਾ ਪ੍ਰੋਜੈਕਟਸ ਪ੍ਰਾਈਵੇਟ ਲਿਮਟਿਡ ਨਾਲ ਜੁੜ੍ਹੇ ਇੱਕ ਮਾਮਲੇ ਦੇ ਸਬੰਧ ਵਿੱਚ ਦਿੱਲੀ, ਮੋਹਾਲੀ, ਚੰਡੀਗੜ੍ਹ, ਪੰਚਕੂਲਾ ਅਤੇ ਲੁਧਿਆਣਾ ਵਿੱਚ 26 ਥਾਵਾਂ 'ਤੇ ਤਲਾਸ਼ੀ ਸ਼ੁਰੂ ਕੀਤੀ ਏ । ਇਹ ਆਪ੍ਰੇਸ਼ਨ ਮਨੀ ਲਾਂਡਰਿੰਗ ਰੋਕਥਾਮ ਐਕਟ ਤਹਿਤ ਕੀਤਾ ਜਾ ਰਿਹਾ ਏ। ਡਾਇਰੈਕਟੋਰੇਟ ਨੇ ਕਿਹਾ ਕਿ ਬੈਂਕ ਧੋਖਾਧੜੀ ਦੇ ਮਾਮਲੇ ਵਿੱਚ ਸ਼ਾਮਿਲ ਨਿੱਜੀ ਕੰਪਨੀਆਂ ਦੇ ਪ੍ਰਮੋਟਰਾਂ, ਡਾਇਰੈਕਟਰਾਂ ਅਤੇ ਹੋਰ ਸਹਿਯੋਗੀਆਂ ਖਿਲਾਫ ਕਾਰਵਾਈ ਕੀਤੀ ਜਾ ਰਹੀ ਏ। ਏਜੰਸੀ ਮੁਤਾਬਿਕ  ਤਿਰੂਪਤੀ ਇੰਫਰਾ ਪ੍ਰੋਜੈਕਟਸ ਪ੍ਰਾਈਵੇਟ ਲਿਮਟਿਡ, ਇੱਕ ਪ੍ਰੋਜੈਕਟ ਨਾਲ ਸਬੰਧਤ 290 ਕਰੋੜ ਦੇ ਬੈਂਕ ਧੋਖਾਧੜੀ ਦੇ ਮਾਮਲੇ ਵਿੱਚ ਸ਼ਾਮਿਲ ਏ । ਈਡੀ ਨੇ ਗ੍ਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ ਅਤੇ ਪੰਜਾਬ ਸਰਕਾਰ ਦੇ ਆਵਾਸ ਅਤੇ ਸ਼ਹਿਰੀ ਵਿਕਾਸ ਵਿਭਾਗ ਦੇ ਦਫਤਰਾਂ ਵਿੱਚ ਇੱਕੋ

ਸਮੇਂ ਨਿਰੀਖਣ ਵੀ ਕੀਤੇ। ਇਸਦਾ ਉਦੇਸ਼ ਗਮਾਡਾ ਨਾਲ ਜੁੜੀਆਂ ਦੋਸ਼ੀ ਸੰਸਥਾਵਾਂ ਇਲਜ਼ਾਮ ਸਬੂਤ ਇਕੱਠੇ ਕਰਨਾ ਸੀ। ਜਾਂਚ ਏਜੰਸੀ ਨੇ ਕਿਹਾ ਕਿ ਇੱਕ ਨਿੱਜੀ ਸਲਾਹਕਾਰ ਕੰਪਨੀ ਨੇ ਗਮਾਡਾ ਅਧਿਕਾਰੀਆਂ ਨਾਲ ਮਿਲੀਭੁਗਤ ਕਰਕੇ ਜ਼ਮੀਨ ਪ੍ਰਾਪਤੀ ਵਿੱਚ ਬੇਨਿਯਮੀਆਂ ਨੂੰ ਸੁਵਿਧਾ ਦਿੱਤੀ। ਰੇਡ ਹਾਲੇ ਵੀ ਜਾਰੀ ਏ। ਇਸ ਦੌਰਾਨ ਆਮ ਆਦਮੀ ਪਾਰਟੀ ਦੇ ਵਰਕਰਾਂ ਵੱਲੋਂ ਗਮਾਡਾ ਦੇ ਬਾਹਰ ਪ੍ਰਦਰਸ਼ਨ ਕੀਤਾ ਅਤੇ ਅੰਦਰ ਜਾਣ ਦੀ ਵੀ ਕੋਸ਼ਿਸ਼ ਕੀਤੀ ਗਈ, ਜਿਸ ਨੂੰ ਮੋਹਾਲੀ ਪੁਲਿਸ ਵੱਲੋਂ ਰੋਕ ਦਿੱਤਾ।

-----------------------------------------------------------

ਖਜ਼ਾਨਾ ਮੰਤਰਾਲੇ ਨੇ ਸੂਚਿਤ ਕੀਤਾ ਏ ਕਿ ਸਾਰੇ ਜਨਤਕ ਖੇਤਰ ਦੇ ਬੈਂਕ ਅਤੇ ਖੇਤਰੀ ਦਿਹਾਤੀ ਬੈਂਕ ਐਤਵਾਰ, 27 ਸਤੰਬਰ ਨੂੰ ਖੁੱਲ੍ਹੇ ਰਹਿਣਗੇ। ਮੰਤਰਾਲੇ ਨੇ ਕਿਹਾ ਕਿ, ਇਹ ਕਦਮ, ਬੈਂਕ ਯੂਨੀਅਨਾਂ ਦੀ ਸੰਯੁਕਤ ਫੋਰਮ ਵੱਲੋਂ 28 ਤੋਂ 30 ਸਤੰਬਰ ਤੱਕ ਬੁਲਾਈ ਗਈ ਤਜਵੀਜ਼ਸ਼ੁਦਾ ਤਿੰਨ ਦਿਨਾਂ ਦੇਸ਼ ਵਿਆਪੀ ਬੈਂਕ ਹੜਤਾਲ ਦੇ ਮੱਦੇਨਜ਼ਰ ਚੁੱਕਿਆ ਗਿਆ ਏ ਜੋ 26 ਅਤੇ 27 ਸਤੰਬਰ ਦੀਆਂ ਛੁੱਟੀਆਂ ਦੇ ਨਾਲ ਮੇਲ ਖਾਂਦੀ ਏ । ਇਸਨੇ ਕਿਹਾ ਏ ਕਿ ਭਾਰਤੀ ਰਿਜ਼ਰਵ ਬੈਂਕ ਨੇ ਐਤਵਾਰ ਨੂੰ ਸਾਰੀਆਂ ਬੈਂਕ ਸ਼ਾਖਾਵਾਂ, ਦਫ਼ਤਰਾਂ, ਏਟੀਐਮ-ਲਿੰਕ ਸ਼ਾਖਾਵਾਂ ਅਤੇ ਕਰੰਸੀ ਚੈਸਟਾਂ ਨੂੰ ਪੂਰੀ ਤਰ੍ਹਾਂ ਚਾਲੂ ਰਹਿਣ ਦੀ ਪ੍ਰਵਾਨਗੀ ਦੇ ਦਿੱਤੀ ਏ ।

AIGਪੰਜਾਬ ਪੁਲਿਸ ਦੇ ਸਹਾਇਕ ਇੰਸਪੈਕਟਰ ਜਨਰਲ (AIG) ਰਣਜੀਤ ਸਿੰਘ, ਜਿਨ੍ਹਾਂ ਨੂੰ ਸੇਵਾ ਤੋਂ ਬਰਖਾਸਤ ਕਰ ਦਿੱਤਾ ਗਿਆ ਸੀ ਅਤੇ ਜੋ ਪਿਛਲੇ ਕਈ ਸਾਲਾਂ ਤੋਂ ਫਰਾਰ ਸਨ, ਨੂੰ ਪਟਿਆਲਾ ਪੁਲਿਸ ਵੱਲੋਂ ਗ੍ਰਿਫਤਾਰ ਕਰ ਲਏ ਜਾਣ ਦੀ ਖਬਰ ਹੈ। ਉਨ੍ਹਾਂ ਖਿਲਾਫ ਨਸ਼ਾ ਤਸਕਰੀ ਅਤੇ ਫਿਰੌਤੀ ਦੇ ਸ਼ੱਕੀ ਰੈਕੇਟ ਨਾਲ ਜੁੜੇ ਮਾਮਲੇ ਦਰਜ ਕੀਤੇ ਗਏ ਸਨ। ਹੋਰ ਵੇਰਵਿਆਂ ਦੀ ਉਡੀਕ ਹੈ।

------------------------------------------------------------

ਸਰਕਾਰ ਨੇ ਸੋਸ਼ਲ ਮੀਡੀਆ ਤੇ ਚੱਲ ਰਹੇ ਇਨ੍ਹਾਂ ਦਾਅਵਿਆਂ ਦਾ ਖੰਡਨ ਕੀਤਾ ਏ ਕਿ ਬੈਂਕਾਂ ਨੂੰ ਯੂ ਪੀ ਆਈ. ਫੀਸਾਂ ਲਾਗੂ ਹੋਣ ਤੋ ਪਹਿਲਾਂ ਏ ਟੀ ਐਮ ਭਰਨ ਲਈ ਕਿਹਾ ਗਿਆ ਏ। ਪ੍ਰੈਸ ਸੂਚਨਾ ਬਿਊਰੋ ਦੀ ਤੱਥ ਜਾਂਚ ਇਕਾਈ ਨੇ ਇਸ ਦਾਅਵੇ ਨੂੰ ਜਾਅਲੀ ਕਰਾਰ ਦਿੱਤਾ ਏ। ਇਸ ਨੇ ਇਹ ਵੀ ਸਪੱਸ਼ਟ ਕੀਤਾ ਕਿ ਭਾਰਤੀ ਰਿਜ਼ਰਵ ਬੈਂਕ ਤੇ ਖ਼ਜਾਨਾ ਮੰਤਰਾਲੇ ਵੱਲੋਂ ਅਜਿਹੀਆਂ ਕੋਈ ਹਦਾਇਤਾਂ ਜਾਰੀ ਨਹੀਂ ਕੀਤੀਆਂ ਗਈਆਂ ਨੇ। ਪੀ ਆਈ ਬੀ ਨੇ ਨਾਗਰਿਕਾਂ ਨੂੰ ਕੇਂਦਰ ਸਰਕਾਰ ਨਾਲ ਸਬੰਧਿਤ ਕਿਸੇ ਵੀ ਸ਼ੱਕੀ ਸਮੱਗਰੀ ਦੀ ਜਾਣਕਾਰੀ ਪੀ ਆਈ ਬੀ ਦੀ ਤੱਥ ਜਾਂਚ ਇਕਾਈ ਨੂੰ ਦੇਣ ਲਈ ਕਿਹਾ ਏ।

---------------------------------------------------

ਪੰਜਾਬ ਸਰਕਾਰ ਨੇ ਰੇਵੈਨਿਊ ਪਟਵਾਰ ਯੂਨੀਅਨ, ਸਿੱਖਿਆ ਖੇਤਰ ਦੀਆਂ 10 ਯੂਨੀਅਨਾਂ ਤੇ ਨਹਿਰੀ ਪਟਵਾਰ ਯੂਨੀਅਨ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਏ। ਪਟਵਾਰ ਯੂਨੀਅਨ ਨਾਲ ਮੀਟਿੰਗ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 1 ਹਜਾਰ ਤੋਂ ਵੱਧ ਮਾਲ ਪਟਵਾਰੀਆਂ ਦੀ ਭਰਤੀ ਪ੍ਰਕਿਰਿਆ ਸੁਰੂ ਕਰਨ ਦੇ ਨਿਰਦੇਸ ਦਿੱਤੇ ਨੇ। ਮਾਨ ਨੇ ਕਿਹਾ ਇਸ ਭਰਤੀ ਪ੍ਰਕਿਰਿਆ ਦਾ ਅਮਲ ਪਾਰਦਰਸੀ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ। ਇਸੇ ਤਰ੍ਹਾਂ ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਨਹਿਰੀ ਪਟਵਾਰ ਯੂਨੀਅਨ ਨਾਲ ਮੀਟਿੰਗ ਦੌਰਾਨ ਮੁਲਾਜ਼ਮਾਂ ਦੀਆਂ ਸੇਵਾ-ਸਬੰਧੀ ਮੰਗਾਂ ਤੇ ਮੁੱਦਿਆਂ ’ਤੇ ਵਿਚਾਰ-ਵਟਾਂਦਰਾ ਕੀਤਾ। ਓਧਰ, ਖ਼ਜਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਿੱਖਿਆ ਖੇਤਰ ਦੀਆਂ 10 ਯੂਨੀਅਨਾਂ ਦੇ ਨੁਮਾਇੰਦਿਆਂ ਅਤੇ ਬਿਜਲੀ ਵਿਭਾਗ ਦੇ ਥਰਮਲ ਪਲਾਂਟ ਕਰਮਚਾਰੀ ਸੰਘ ਨਾਲ ਮੀਟਿੰਗਾਂ ਦੌਰਾਨ ਉਨ੍ਹਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਨੂੰ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ।

---------------------------------------------------

ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਬਠਿੰਡਾ ਵਿਖੇ ਪਰਾਲੀ ਪ੍ਰਬੰਧਨ ਸਬੰਧੀ ਕਿਸਾਨ ਮੇਲਾ ਅਤੇ ਕਿਸਾਨ ਸੰਵਾਦ ਕਰਵਾਇਆ ਗਿਆ। ਇਸ ਮੌਕੇ ਕੇਂਦਰ ਸਰਕਾਰ ਦੇ ਖੇਤੀਬਾੜੀ, ਕਿਸਾਨ ਭਲਾਈ ਅਤੇ ਪੇਂਡੂ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਕੇਂਦਰੀ ਮੰਤਰੀ ਚੌਹਾਨ ਨੇ ਇਸ ਮੌਕੇ ਬੂਟੇ ਲਾ ਕੇ ਕਿਸਾਨ ਮੇਲੇ ਦੀ ਸ਼ੁਰੂਆਤ ਕੀਤੀ। ਉਹਨਾਂ ਨੇ ਖੇਤੀਬਾੜੀ ਨੂੰ ਹੋਰ ਲਾਹੇਵੰਦ ਅਤੇ ਟਿਕਾਊ ਬਣਾਉਣ ਲਈ ਆਧੁਨਿਕ ਤਕਨਾਲੋਜੀ, ਖੋਜ, ਫਸਲੀ ਵਿਭਿੰਨਤਾ ਅਤੇ ਸਹਾਇਕ ਕਿੱਤਿਆਂ ਨੂੰ ਅਪਣਾਉਣ ਦੀ ਲੋੜ ’ਤੇ ਜ਼ੋਰ ਦਿੱਤਾ। ਕਿਸਾਨਾਂ ਨਾਲ ਸਿੱਧਾ ਸੰਵਾਦ ਕਰਦਿਆਂ ਕੇਂਦਰੀ ਮੰਤਰੀ ਨੇ ਸਰ੍ਹੋਂ ਤੋਂ ਪੈਦਾ ਹੋਣ ਵਾਲੇ ਸ਼ਹਿਦ ਦੀ ਮੰਡੀਕਰਨ ਦੀ ਸਮੱਸਿਆ ਬਾਰੇ ਹੱਲ ਲੱਭਣ ਲਈ ਖੋਜ ਕਰਨ ਲਈ ਕਿਹਾ। ਉਨ੍ਹਾਂ ਫਲਾਂ ਅਤੇ ਸਬਜ਼ੀਆਂ ਦੀ ਵਰਤੋਂਯੋਗਤਾ ਵਧਾਉਣ, ਮੁੱਲ-ਵਾਧਾ ਅਤੇ ਪ੍ਰੋਸੈਸਿੰਗ ਸਬੰਧੀ ਖੋਜ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ ਦੱਸੀ। ਉਨ੍ਹਾਂ ਏਕੀਕ੍ਰਿਤ ਖੇਤੀ ਪ੍ਰਣਾਲੀ ਨੂੰ ਉਤਸ਼ਾਹਿਤ ਕਰਨ ਅਤੇ ਕਿਸਾਨਾਂ ਦੀ ਆਮਦਨ ਦੇ ਵੱਖ-ਵੱਖ ਸਰੋਤ ਵਿਕਸਿਤ ਕਰਨ ’ਤੇ ਵੀ ਜ਼ੋਰ ਦਿੱਤਾ।

-----------------------------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਗਲੇ ਐਤਵਾਰ ਸਵੇਰੇ 11 ਵਜੇ ਆਕਾਸ਼ਵਾਣੀ 'ਤੇ ਪ੍ਰਸਾਰਿਤ ਹੋਣ ਵਾਲੇ ਮਹੀਨਾਵਾਰ ਰੇਡੀਓ ਪ੍ਰੋਗਰਾਮ, ਮਨ ਕੀ ਬਾਤ ਵਿੱਚ ਦੇਸ਼ ਤੇ ਵਿਦੇਸ਼ਾਂ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ 138ਵਾਂ ਐਪੀਸੋਡ ਆਕਾਸ਼ਵਾਣੀ ਅਤੇ ਦੂਰਦਰਸ਼ਨ ਨੈੱਟਵਰਕ ਦੇ ਨਾਲ-ਨਾਲ ਆਕਾਸ਼ਵਾਣੀ ਨਿਊਜ਼ ਵੈੱਬਸਾਈਟ ਅਤੇ ਨਿਊਜ਼ ਆਨ ਏਅਰ ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਹ ਪ੍ਰੋਗਰਾਮ ਆਕਾਸ਼ਵਾਣੀ ਨਿਊਜ਼, ਡੀਡੀ ਨਿਊਜ਼, ਪ੍ਰਧਾਨ ਮੰਤਰੀ ਦਫ਼ਤਰ ਅਤੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਯੂਟਿਊਬ ਚੈਨਲ 'ਤੇ ਵੀ ਸਿੱਧਾ ਪ੍ਰਸਾਰਿਤ ਕੀਤਾ ਜਾਵੇਗਾ। ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਇਹ ਵੱਖ-ਵੱਖ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕੀਤਾ ਜਾਵੇਗਾ।

-----------------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗ _1.40_ ਮਿੰਟ ਤੇ**

**ਨਮਸਕਾਰ**